# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ :04-07-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਜਸਥਾਨ ਵਿੱਚ ਜੋਧਪੁਰ ਹਵਾਈ ਅੱਡੇ ਦੇ ਨਵੇਂ ਟਰਮੀਨਲ ਭਵਨ ਦਾ ਉਦਘਾਟਨ ਕੀਤਾ। ਇਹ ਨਵਾਂ ਟਰਮੀਨਲ ਭਵਨ, ਹਰ ਸਾਲ 20 ਲੱਖ ਯਾਤਰੀਆਂ ਦੀ ਆਵਾਜਾਈ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਏ। ਆਧੁਨਿਕ ਸਹੂਲਤਾਂ ਵਾਲੇ ਇਸ ਨਵੇਂ ਟਰਮੀਨਲ ਭਵਨ ਰਾਹੀਂ ਯਾਤਰੀਆਂ ਨੂੰ ਸੁਖਾਲੇ ਸਫ਼ਰ ਦਾ ਅਨੁਭਵ ਮਿਲੇਗਾ। ਪ੍ਰਧਾਨ ਮੰਤਰੀ ਸ੍ਰੀ ਮੋਦੀ ਨੇ ਸੋਧੀ ਹੋਈ ਉਡਾਣ ਯੋਜਨਾ ਦੀ ਵੀ ਸ਼ੁਰੂਆਤ ਕੀਤੀ, ਜਿਸ ਨਾਲ ਇਲਾਕਾਈ ਸੰਪਰਕ ਨੂੰ ਮਜ਼ਬੂਤੀ ਮਿਲੇਗੀ ਅਤੇ ਨਾਲ ਹੀ ਹਵਾਬਾਜ਼ੀ ਖੇਤਰ ਨੂੰ ਵੀ ਹੁਲਾਰਾ ਮਿਲੇਗਾ।

-----------------------------------------------------------------

ਕੇਂਦਰੀ ਗ੍ਰਿਹਿ ਮੰਤਰੀ ਅਮਿਤ ਸ਼ਾਹ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅਲ ਨੀਨੋ ਕਾਰਨ ਦੇਸ਼ ਦੇ ਕੁਝ ਹਿੱਸਿਆਂ ਵਿੱਚ ਆਮ ਨਾਲੋਂ ਘੱਟ ਮੀਂਹ ਪੈਣ ਕਾਰਨ ਬਣੇ ਹਾਲਾਤ ਦੀ

ਪੜਚੋਲ ਕਰਨ ਲਈ ਕੱਲ੍ਹ ਮੀਟਿੰਗ ਕੀਤੀ। ਗ੍ਰਹਿ ਮੰਤਰੀ ਨੇ ਕਿਹਾ ਕਿ ਦੇਸ਼ ਦੇ ਕੁਝ ਹਿੱਸਿਆਂ ਵਿੱਚ ਘੱਟ ਮੀਂਹ ਪੈਣ ਕਾਰਨ ਸੰਭਾਵਿਤ ਸੋਕੇ ਦੀ ਸਥਿਤੀ 'ਤੇ ਸਰਕਾਰ ਨਜ਼ਰ ਰੱਖ ਰਹੀ ਏ। ਉਨ੍ਹਾਂ ਨੇ ਖੇਤੀਬਾੜੀ ਮੰਤਰਾਲੇ ਅਤੇ ਸਾਰੇ ਸਬੰਧਤ ਮੰਤਰਾਲਿਆਂ ਨੂੰ ਕਿਸਾਨਾਂ ਨੂੰ ਢੁਕਵੀਆਂ ਫ਼ਸਲਾਂ ਦੀ ਬਿਜਾਈ ਬਾਰੇ ਸਲਾਹ ਦੇਣ ਲਈ ਸੂਬਾ ਸਰਕਾਰਾਂ ਨਾਲ ਤਾਲਮੇਲ ਕਰਨ ਦੀ ਹਦਾਇਤ ਕੀਤੀ। ਸ੍ਰੀ ਸ਼ਾਹ ਨੇ ਜਲ ਸਰੋਤ ਵਿਭਾਗ ਦੇ ਅਫ਼ਸਰਾਂ ਨੂੰ  ਜਲ ਭੰਡਾਰਾਂ ਦੀ ਨਿਗਰਾਨੀ ਕਰਨ ਦੇ ਨਾਲ-ਨਾਲ ਬਿਜਲੀ ਮੰਤਰਾਲੇ ਦੇ ਸਕੱਤਰ ਨੂੰ ਬਿਜਲੀ ਦੀ ਲੋੜੀਂਦੀ ਸਪਲਾਈ ਯਕੀਨੀ ਬਣਾਉਣ ਲਈ ਲੋੜੀਂਦੀ ਕਾਰਵਾਈ ਕਰਨ ਦੇ ਵੀ ਨਿਰਦੇਸ਼ ਦਿੱਤੇ |

-------------------------------------------------------

ਪੰਜਾਬ ਦੇ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਏ ਕਿ ਬਾਗ਼ਬਾਨੀ ਮਹਿਕਮੇ ਦੀ ਯੋਜਨਾ ਤਹਿਤ ਕਿਸਾਨਾਂ ਨੂੰ ਮਸ਼ਰੂਮ ਉਤਪਾਦਨ ਇਕਾਈ ਲਾਉਣ ਵਾਸਤੇ 80 ਹਜ਼ਾਰ ਰੁਪਏ ਤੱਕ ਦੀ ਸਬਸਿਡੀ ਦਿੱਤੀ ਜਾ ਰਹੀ ਏ।  ਸ੍ਰੀ ਭਗਤ ਨੇ ਦੱਸਿਆ ਕਿ ਇੱਛੁਕ ਕਿਸਾਨ ਲਗਭਗ 2 ਲੱਖ ਰੁਪਏ ਦੀ ਲਾਗਤ ਨਾਲ ਛੋਟੀ ਮਸ਼ਰੂਮ ਉਤਪਾਦਨ ਇਕਾਈ ਸਥਾਪਤ ਕਰ ਸਕਦੇ ਨੇ ਜਿਸ ’ਤੇ ਬਾਗ਼ਬਾਨੀ

ਮਹਿਕਮੇ ਵੱਲੋਂ 40 ਫੀਸਦੀ ਸਬਸਿਡੀ ਦਿੱਤੀ ਜਾਂਦੀ ਏ ਜਿਹੜੀ ਕਿ ਵੱਧ ਤੋਂ ਵੱਧ 80 ਹਜ਼ਾਰ ਰੁਪਏ ਤੱਕ ਹੋ ਸਕਦੀ ਏ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦਾ ਲਾਭ ਲੈਣ ਦੇ ਇੱਛੁਕ ਕਿਸਾਨ ਆਪਣੇ ਨਜ਼ਦੀਕੀ ਜ਼ਿਲ੍ਹਾ ਬਾਗ਼ਬਾਨੀ ਅਫ਼ਸਰ ਨਾਲ ਸੰਪਰਕ ਕਰ ਸਕਦੇ ਨੇ।

------------------------------------------------------------

ਗੁਰਦਾਸਪੁਰ ਦੇ ਕਸਬਾ ਗਾਹਲੜੀ ਨੇੜੇ ਮੁਗਲਾਨੀ ਚੱਕ ਪਿੰਡ ਵਿੱਚ ਰਾਤ 2 ਵਜੇ ਦੇ ਕਰੀਬ ਧੁੱਸੀ ਬੰਨ ਵਿੱਚ ਅਚਾਨਕ ਪਾੜ ਪੈ ਗਿਆ। ਨਹਿਰੀ ਵਿਭਾਗ , ਡਰੇਨੇਜ ਵਿਭਾਗ ਅਤੇ ਸਿੰਚਾਈ ਵਿਭਾਗ ਦੇ ਅਧਿਕਾਰੀਆਂ ਨੇ ਤੁਰੰਤ ਕਾਰਵਾਈ ਕਰਦੇ ਹੋਏ ਨਹਿਰ ਦੇ ਗੇਟ ਖੁਲਾ ਕੇ ਪਾਣੀ ਦਾ ਨਿਕਾਸ ਕਰਵਾਇਆ ਏ ਅਤੇ ਧੁੱਸੀ ਬੰਨ ਨੂੰ ਪੂਰਨ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਏ। ਮੌਕੇ ਉੱਤੇ ਪਹੁੰਚੇ ਨਹਿਰੀ ਵਿਭਾਗ ਦੇ ਐਕਸੀਅਨ ਵਿਸ਼ਾਲ ਮਹਿਤਾ ਨੇ ਕਿਹਾ...

BYTE

ਉਨ੍ਹਾਂ ਕਿਹਾ ਕਿ ਹਾਲਾਤ ਕਾਬੂ ਹੇਠ ਨੇ ਬੰਨ ਨੂੰ ਪੂਰਨ ਦੇ ਯਤਨ ਜਾਰੀ ਨੇ।

------------------------------------------------------------

ਅੰਮ੍ਰਿਤਸਰ ਦਿਹਾਤੀ ਤਹਿਤ ਪੈਂਦੇ ਪੁਲਿਸ ਥਾਣਾ ਕੰਬੋ ਨੇ ਮੁਲਜ਼ਮ ਰਾਮ ਸਿੰਘ ਵਾਸੀ ਡੱਬਰ ਬਸਤੀ, ਅਜਨਾਲਾ ਨੂੰ ਹਿਰਾਸਤ ਵਿਚ ਲੈ ਕੇ ਉਸ

ਕੋਲੋਂ 20 ਕਿੱਲੋ 100 ਗ੍ਰਾਮ ਨਸ਼ੀਲਾ ਪਾਊਡਰ ਤੇ ਅੱਧਾ ਕਿੱਲੋ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਏ। ਇਹ ਮੁਲਜ਼ਮ ਫਿਲਹਾਲ ਮਧੂਬਨ ਅਸਟੇਟ, ਵਡਾਲਾ ਭਿੱਟੇਵੱਡ ਵਿਚ ਰਹਿ ਰਿਹਾ ਸੀ। ਮੁਲਜ਼ਮ ਰਾਮ ਸਿੰਘ ਵਿਰੁੱਧ ਮਾਮਲਾ ਦਰਜ ਕਰ ਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਏ।

---------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਏ ਕਿ ਐਲਡਰ ਲਾਈਨ 14567 ਬਜੁਰਗਾਂ ਲਈ ਭਰੋਸੇਮੰਦ ਸਹਾਰਾ ਬਣ ਕੇ ਉੱਭਰੀ ਏ । ਪੰਜਾਬ ਵਿੱਚੋਂ ਪ੍ਰਾਪਤ ਢਾਈ ਲੱਖ ਤੋਂ ਵੱਧ ਕਾਲਾਂ ਦਾ ਨਿਬੇੜਾ ਕੀਤਾ ਜਾ ਚੁੱਕਿਆ ਏ। ਇਸ ਹੈਲਪਲਾਈਨ ਨੇ 91 ਬੇਸਹਾਰਾ ਬਜੁਰਗਾਂ ਨੂੰ ਬਚਾਅ ਕੇ ਪਰਿਵਾਰਾਂ ਨਾਲ ਮਿਲਾਇਆ ਏ। ਇਸ ਦੇ ਨਾਲ ਹੀ ਮਾੜੇ ਸਲੂਕ ਤੇ ਗੁਜਾਰਾ ਭੱਤੇ ਨਾਲ ਸਬੰਧਤ ਇਕ ਹਜਾਰ ਤੋਂ ਵੱਧ ਮਾਮਲੇ ਹੱਲ ਕੀਤੇ ਗਏ ਨੇ। ਡਾ. ਬਲਜੀਤ ਕੌਰ ਨੇ ਵਡੇਰੀ ਉਮਰ ਦੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਜਦੋਂ ਵੀ ਕਿਸੇ ਮਦਦ ਦੀ ਜ਼ਰੂਰਤ ਹੋਵੇ ਤਾਂ ਉਹ ਇਸ ਟੋਲ ਫ੍ਰੀ ਹੈਲਪਲਾਈਨ ਨੰਬਰ 14567 ਉੱਤੇ ਫੋਨ ਕਰਨ। ਇਹ ਹੈਲਪਲਾਈਨ ਹਫ਼ਤੇ ਦੇ ਸੱਤੋ ਦਿਨ, ਸਵੇਰੇ 8 ਵਜੇ ਤੋਂ ਰਾਤ 8 ਵਜੇ ਤੱਕ ਕੰਮ ਕਰਦੀ ਏ।

---------------------------------------------------

ਭਾਰਤ ਅਤੇ ਇੰਗਲੈਂਡ ਦਰਮਿਆਨ ਦੂਜਾ ਟੀ-20 ਮੈਚ ਅੱਜ ਮੈਨਚੈਸਟਰ ਵਿੱਚ ਖੇਡਿਆ ਜਾਵੇਗਾ। ਭਾਰਤੀ ਸਮੇਂ ਮੁਤਾਬਕ ਇਹ ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਇਸ ਤੋਂ ਇਲਾਵਾ, ਵਿੰਬਲਡਨ ਟੈਨਿਸ ਟੂਰਨਾਮੈਂਟ ਵਿੱਚ ਨੋਵਾਕ ਜੋਕੋਵਿਚ ਨੇ ਮਰਦਾਂ ਦੇ ਇਕਹਿਰੇ ਵਰਗ ਵਿੱਚ ਸਭ ਤੋਂ ਵੱਧ ਮੈਚ ਜਿੱਤਣ ਦੇ ਮਾਮਲੇ ਵਿੱਚ ਰੋਜਰ ਫੈਡਰਰ ਦੇ ਰਿਕਾਰਡ ਦੀ ਵੀ ਬਰਾਬਰੀ ਕਰ ਲਈ ਏ।

---------------------------------------------------

ਚੰਡੀਗੜ੍ਹ ਸਥਿਤ ਮੌਸਮ ਵਿਭਾਗ ਨੇ ਆਉਂਦੀ 6  ਤੋਂ 9 ਜੁਲਾਈ ਤੱਕ ਪੰਜਾਬ ਅਤੇ ਹਰਿਆਣਾ ਦੇ ਬਹੁਤੇ ਹਿੱਸਿਆਂ ਦੇ ਨਾਲ-ਨਾਲ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਗਰਜ – ਚਮਕ ਨਾਲ ਭਾਰੀ ਮੀਂਹ ਪੈਣ ਬਾਰੇ ਪੇਸ਼ਗੋਈ ਕੀਤੀ ਏ। ਮੌਸਮ ਵਿਭਾਗ ਨੇ ਇਸ ਸਬੰਧੀ ਯੈਲੋ ਅਲਰਟ ਜਾਰੀ ਕੀਤਾ ਏ ।

---------------------------------------------------